ਸਿਰੀਰਾਗੁ ਮਹਲਾ ੧ ॥ ਕੁੰਗੂ ਕੀ ਕਾਂਇਆ ਰਤਨਾ ਕੀ ਲਲਿਤਾ ਅਗਰਿ ਵਾਸੁ ਤਨਿ ਸਾਸੁ ॥ ਅਠਸਠਿ ਤੀਰਥ ਕਾ ਮੁਖਿ ਟਿਕਾ ਤਿਤੁ ਘਟਿ ਮਤਿ ਵਿਗਾਸੁ ॥ ਓਤੁ ਮਤੀ ਸਾਲਾਹਣਾ ਸਚੁ ਨਾਮੁ ਗੁਣਤਾਸੁ ॥੧॥ ਬਾਬਾ ਹੋਰ ਮਤਿ ਹੋਰ ਹੋਰ ॥ ਜੇ ਸਉ ਵੇਰ ਕਮਾਈਐ ਕੂੜੈ ਕੂੜਾ ਜੋਰੁ ॥੧॥ ਰਹਾਉ ॥ ਪੂਜ ਲਗੈ ਪੀਰੁ ਆਖੀਐ ਸਭੁ ਮਿਲੈ ਸੰਸਾਰੁ ॥ ਨਾਉ ਸਦਾਏ ਆਪਣਾ ਹੋਵੈ ਸਿਧੁ ਸੁਮਾਰੁ ॥ ਜਾ ਪਤਿ ਲੇਖੈ ਨਾ ਪਵੈ ਸਭਾ ਪੂਜ ਖੁਆਰੁ ॥ ੨॥ ਜਿਨ ਕਉ ਸਤਿਗੁਰਿ ਥਾਪਿਆ ਤਿਨ ਮੇਟਿ ਨ ਸਕੈ ਕੋਇ ॥ ਓਨਾ ਅੰਦਰਿ ਨਾਮੁ ਨਿਧਾਨੁ ਹੈ ਨਾਮੋ ਪਰਗਟੁ ਹੋਇ ॥ ਨਾਉ ਪੂਜੀਐ ਨਾਉ ਮੰਨੀਐ ਅਖੰਡੁ ਸਦਾ ਸਚੁ ਸੋਇ ॥੩॥ ਖੇਹੂ ਖੇਹ ਰਲਾਈਐ ਤਾ ਜੀਉ ਕੇਹਾ ਹੋਇ ॥ ਜਲੀਆ ਸਭਿ ਸਿਆਣਪਾ ਉਠੀ ਚਲਿਆ ਰੋਇ ॥ ਨਾਨਕ ਨਾਮਿ ਵਿਸਾਰਿਐ ਦਰਿ ਗਇਆ ਕਿਆ ਹੋਇ ॥੪॥੮॥ {ਪੰਨਾ 17}

ਪਦਅਰਥ:- ਕੁੰਗੂ—ਕੇਸਰ। ਕਾਂਇਆ—ਸਰੀਰ। ਰਤਨ—(ਭਾਵ) ਪ੍ਰਭੂ ਦੀ ਸਿਫ਼ਤਿ-ਸਾਲਾਹ। ਲਲਿਤਾ—ਜੀਭ। ਅਗਰਿ—ਊਦ ਦੀ ਲਕੜੀ ਨਾਲ। ਵਾਸੁ—ਸੁਗੰਧੀ। ਤਨਿ—ਸਰੀਰ ਵਿਚ। ਸਾਸੁ—(ਹਰੇਕ) ਸੁਆਸ। ਅਠਸਠਿ—ਅਠਾਹਠ। ਮੁਖਿ—ਮੂੰਹ ਉੱਤੇ, ਮੱਥੇ ਉੱਤੇ। ਤਿਤੁ ਘਟਿ—ਉਸ ਸਰੀਰ ਵਿਚ, ਉਸ ਮਨੁੱਖ ਦੇ ਅੰਦਰ। ਵਿਗਾਸੁ—ਖਿੜਾਉ। ਓਤੁ ਮਤੀ—ਉਸ ਮਤਿ ਨਾਲ ਹੀ। ਗੁਣ ਤਾਸੁ—ਗੁਣਾਂ ਦਾ ਖ਼ਜ਼ਾਨਾ ਪ੍ਰਭੂ।

ਬਾਬਾ—ਹੇ ਭਾਈ! ਕਮਾਈਐ—ਕਮਾਈ ਕਰੀਏ, ਉੱਦਮ ਕਰੀਏ। ਕੂੜੈ—ਕੂੜ ਨਾਲ।1। ਰਹਾਉ।

ਪੂਜ—ਪੂਜਾ, ਮਾਣਤਾ। ਸਭੁ—ਸਾਰਾ। ਸਿਧੁ—ਜੋਗ-ਸਾਧਨਾਂ ਵਿਚ ਪੁੱਗਿਆ ਹੋਇਆ ਜੋਗੀ। ਸਭਾ—ਸਾਰੀ। ਲੇਖੈ—ਕੀਤੇ ਕਰਮਾਂ ਦਾ ਹਿਸਾਬ ਹੋਣ ਵੇਲੇ।2।

ਸਤਿਗੁਰਿ—ਗੁਰੂ ਨੇ। ਥਾਪਿਆ—ਥਾਪਣਾ ਦਿੱਤੀ, ਦਿਲਾਸਾ ਦਿੱਤਾ। ਨਾਮੋ—ਨਾਮ ਹੀ। ਅਖੰਡ—ਇਕ-ਰਸ, ਸਦਾ, ਲਗਾਤਾਰ।3।

ਖੇਹ—ਮਿੱਟੀ। ਜੀਉ—ਜਿੰਦ। ਕੇਹਾ ਹੋਇ—ਭੈੜੀ ਹਾਲਤ ਹੁੰਦੀ ਹੈ। ਸਭਿ—ਸਾਰੀਆਂ। ਰੋਇ—ਦੁਖੀ ਹੋ ਕੇ। ਨਾਮਿ ਵਿਸਾਰਿਐ—ਜੇ ਪ੍ਰਭੂ ਦਾ ਨਾਮ ਵਿਸਾਰ ਦਿੱਤਾ ਜਾਏ। ਦਰਿ—(ਪ੍ਰਭੂ ਦੇ) ਦਰ ਤੇ। ਕਿਆ ਹੋਇ—ਭੈੜੀ ਹਾਲਤ ਹੀ ਹੁੰਦੀ ਹੈ।4।

ਅਰਥ:- ਜਿਸ ਮਨੁੱਖ ਦਾ ਸਰੀਰ ਕੇਸਰ (ਵਰਗਾ ਸੁੱਧ ਵਿਕਾਰ-ਰਹਿਤ) ਹੋਵੇ, ਜਿਸ ਦੀ ਜੀਭ (ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ) ਰਤਨਾਂ ਨਾਲ ਜੜੀ ਹੋਵੇ, ਜਿਸ ਦੇ ਸਰੀਰ ਵਿਚ ਹਰੇਕ ਸੁਆਸ ਉਸ ਦੀ ਲਕੜੀ ਦੀ ਸੁਗੰਧੀ ਵਾਲਾ ਹੋਵੇ (ਭਾਵ, ਪ੍ਰਭੂ ਦੇ ਨਾਮ ਦੀ ਯਾਦ ਨਾਲ ਸੁਗੰਧਿਤ ਹੋਵੇ), ਜਿਸ ਮਨੁੱਖ ਦੇ ਮੱਥੇ ਉੱਤੇ ਅਠਾਹਠ ਹੀ ਤੀਰਥਾਂ ਦਾ ਟਿੱਕਾ ਹੋਵੇ (ਭਾਵ, ਜੋ ਪ੍ਰਭੂ ਦਾ ਨਾਮ ਜਪ ਕੇ ਅਠਾਹਠ ਤੀਰਥਾਂ ਨਾਲੋਂ ਵਧੀਕ ਪਵਿਤ੍ਰ ਹੋ ਚੁਕਾ ਹੋਵੇ) ਉਸ ਮਨੁੱਖ ਦੇ ਅੰਦਰ ਮਤਿ ਖਿੜਦੀ ਹੈ, ਉਸ ਖਿੜੀ ਹੋਈ ਮਤਿ ਨਾਲ ਹੀ ਸੱਚਾ ਨਾਮ ਸਲਾਹਿਆ ਜਾ ਸਕਦਾ ਹੈ, ਗੁਣਾਂ ਦਾ ਖ਼ਜ਼ਾਨਾ ਪ੍ਰਭੂ ਸਲਾਹਿਆ ਜਾ ਸਕਦਾ ਹੈ।

ਹੇ ਭਾਈ! ਪ੍ਰਭੂ ਦੇ ਨਾਮ ਤੋਂ ਖੁੰਝੀ ਹੋਈ ਮਤਿ ਹੋਰ ਹੋਰ ਪਾਸੇ ਹੀ ਲੈ ਜਾਂਦੀ ਹੈ। ਸਿਫ਼ਤਿ-ਸਾਲਾਹ ਛੱਡ ਕੇ ਜੇ ਹੋਰ ਕਰਮ ਸੈਂਕੜੇ ਵਾਰੀ ਭੀ ਕਰੀਏ (ਤਾਂ ਕੁਝ ਨਹੀਂ ਬਣਦਾ, ਕਿਉਂਕਿ) ਕੂੜਾ ਕਰਮ ਕਰਨ ਨਾਲ ਕੂੜ ਦਾ ਹੀ ਜ਼ੋਰ ਵਧਦਾ ਹੈ।1। ਰਹਾਉ।

ਜੇ ਕੋਈ ਮਨੁੱਖ ਪੀਰ ਅਖਵਾਣ ਲੱਗ ਪਏ, ਸਾਰਾ ਸੰਸਾਰ ਆ ਕੇ ਉਸ ਦਾ ਦਰਸ਼ਨ ਕਰੇ, ਉਸ ਦੀ ਪੂਜਾ ਹੋਣ ਲੱਗ ਪਏ, ਜੇ ਉਹ ਪੁੱਗਿਆ ਹੋਇਆ (ਕਰਾਮਾਤੀ) ਜੋਗੀ ਗਿਣਿਆ ਜਾਣ ਲੱਗ ਪਏ, ਵੱਡੇ ਨਾਮਣੇ ਵਾਲਾ ਸਦਾਣ ਲੱਗ

ਪਏ (ਤਾਂ ਭੀ ਇਹ ਸਭ ਕੁਝ ਕਿਸੇ ਅਰਥ ਨਹੀਂ, ਕਿਉਂਕਿ) ਜੇ ਪ੍ਰਭੂ ਦੀ ਹਜ਼ੂਰੀ ਵਿਚ ਕੀਤੇ ਕਰਮਾਂ ਦਾ ਹਿਸਾਬ ਹੋਣ ਵੇਲੇ ਉਸ ਨੂੰ ਇੱਜ਼ਤ ਨਹੀਂ ਮਿਲਦੀ, ਤਾਂ (ਦੁਨੀਆ ਵਿਚ ਹੋਈ) ਸਾਰੀ ਪੂਜਾ ਖ਼ੁਆਰ ਹੀ ਕਰਦੀ ਹੈ।2।

ਜਿਨ੍ਹਾਂ ਮਨੁੱਖਾਂ ਨੂੰ ਸਤਿਗੁਰੂ ਨੇ ਸ਼ਾਬਾਸ਼ੇ ਦਿੱਤੀ ਹੈ, ਉਹਨਾਂ ਦੀ ਉਸ ਇੱਜ਼ਤ ਨੂੰ ਕੋਈ ਮਿਟਾ ਨਹੀਂ ਸਕਦਾ (ਕਿਉਂਕਿ) ਉਹਨਾਂ ਦੇ ਹਿਰਦੇ ਵਿਚ ਪ੍ਰਭੂ ਦਾ ਨਾਮ ਖ਼ਜ਼ਾਨਾ ਵੱਸਦਾ ਹੈ, ਉਹਨਾਂ ਦੇ ਅੰਦਰ ਨਾਮ ਹੀ ਉੱਘੜਦਾ ਹੈ। (ਇਹ ਪੱਕਾ ਨਿਯਮ ਜਾਣੋ ਕਿ) ਪ੍ਰਭੂ ਦਾ ਨਾਮ ਹੀ ਪੂਜਿਆ ਜਾਂਦਾ ਹੈ, ਨਾਮ ਹੀ ਸਤਕਾਰਿਆ ਜਾਂਦਾ ਹੈ। ਪ੍ਰਭੂ ਹੀ ਸਦਾ ਇਕ-ਰਸ ਸਦਾ-ਥਿਰ ਰਹਿਣ ਵਾਲਾ ਹੈ।3।

(ਜਿਨ੍ਹਾਂ ਮਨੁੱਖਾਂ ਨੇ ਕਦੇ ਨਾਮ ਨਾਹ ਜਪਿਆ, ਉਹਨਾਂ ਦਾ ਸਰੀਰ ਜਦੋਂ) ਮਿੱਟੀ ਹੋ ਕੇ ਮਿੱਟੀ ਵਿਚ ਰਲਿਆ, ਤਾਂ (ਨਾਮ-ਹੀਣ) ਜਿੰਦ ਦਾ ਹਾਲ ਭੈੜਾ ਹੀ ਹੁੰਦਾ ਹੈ। (ਦੁਨੀਆ ਵਿਚ ਕੀਤੀਆਂ) ਸਾਰੀਆਂ ਚਤੁਰਾਈਆਂ ਸੁਆਹ ਹੋ ਜਾਂਦੀਆਂ ਹਨ, ਜਗਤ ਤੋਂ ਜੀਵ ਦੁਖੀ ਹੋ ਕੇ ਹੀ ਤੁਰਦਾ ਹੈ।

ਹੇ ਨਾਨਕ! ਜੇ ਪ੍ਰਭੂ ਦਾ ਨਾਮ ਭੁਲਾ ਦੇਈਏ, ਤਾਂ ਪ੍ਰਭੂ ਦੇ ਦਰ ਤੇ ਪਹੁੰਚ ਕੇ ਭੈੜਾ ਹਾਲ ਹੀ ਹੁੰਦਾ ਹੈ।4।7।